ਪਿੰਡ ਬੋਪਾਰਾਏ ਤੇ ਭੁਲੱਥ ਵਿਚ ਡੇਂਗੂ ਵਿਰੋਧੀ ਗਤੀਵਿਧੀਆਂ ਕਰਦੇ ਹੋਏ ਸਿਹਤ ਕਰਮਚਾਰੀ। ਤਸਵੀਰ : ਮੇਹਰ ਚੰਦ ਸਿੱਧੂ

ਡੇਂਗੂ ਮਲੇਰੀਆ ਸੰਬੰਧੀ ਕੀਤਾ ਜਾਗਰੂਕ

ਭੁਲੱਥ, 27 ਨਵੰਬਰ (ਮੇਹਰ ਚੰਦ ਸਿੱਧੂ)-ਸਬ ਡਵੀਜ਼ਨ ਕਸਬਾ ਭੁਲੱਥ ਤੋਂ ਥੋੜ੍ਹੀ ਦੂਰੀ 'ਤੇ ਪੈਂਦੇ ਪਿੰਡ ਬੋਪਾਰਾਏ ਤੇ ਭੁਲੱਥ ਦੇ ਸਲੱਮ ਏਰੀਏ ਅੰਦਰ ਸਿਹਤ ਵਿਭਾਗ ਦੀ ਟੀਮ ਵਲੋਂ ਸਿਵਲ ਸਰਜਨ ਕਪੂਰਥਲਾ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਤੇ ਐਸ.ਐਮ.ਓ. ਭੁਲੱਥ ਡਾ. ਹਰਜਿੰਦਰ ਸਿੰਘ ਦੀ ਅਗਵਾਈ ਵਿਚ ਡੇਂਗੂ ਮਲੇਰੀਆ ਸਬੰਧੀ ਲੋਕਾਂ ਨੂੰ ਜਾਗਰੂਕ ਕੀਤਾ ਗਿਆ। ਇਸ ਮੌਕੇ ਗੱਲਬਾਤ ਕਰਦਿਆਂ ਸਿਹਤ ਵਿਭਾਗ ਦੀ ਟੀਮ ਦੇ ਹੈਲਥ ਸੁਪਰਵਾਈਜ਼ਰ ਦਿਲਬਾਗ ਸਿੰਘ ਨੇ ਲੋਕਾਂ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਡੇਂਗੂ ਦਾ ਮੱਛਰ ਸਾਫ਼ ਪਾਣੀ ਵਿਚ ਪੈਦਾ ਹੁੰਦਾ ਹੈ ਤੇ ਦਿਨ ਸਮੇਂ ਕੱਟਦਾ ਹੈ, ਜਿਸ ਕਰਕੇ ਸਮੇਂ-ਸਮੇਂ 'ਤੇ ਆਪਣਾ ਲੋੜ ਪੈਣ 'ਤੇ ਚੈੱਕਅਪ ਕਰਾਉਂਦੇ ਰਹਿਣਾ ਚਾਹੀਦਾ ਹੈ। ਇਸ ਮੌਕੇ ਗੁਰਜੀਤ ਸਿੰਘ ਮੇਲ ਵਰਕਰ, ਮਨਪ੍ਰੀਤ ਕੌਰ ਆਸ਼ਾ ਵਰਕਰ ਰੀਟਾ ਆਸ਼ਾ ਵਰਕਰ ਹਾਜ਼ਰ ਸਨ।

ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਨੂੰ ਸਮਰਪਿਤ ਗੁਰਦੁਆਰਾ ਗੁਰੂ ਕਾ ਬਾਗ ਸੁਲਤਾਨਪੁਰ ਲੋਧੀ ਵਿਖੇ ਕਰਵਾਏ ਗਏ ਸਮਾਗਮ 'ਚ ਹਾਜ਼ਰ ਪ੍ਰਧਾਨ ਰਘਬੀਰ ਸਿੰਘ, ਖ਼ਜ਼ਾਨਚੀ ਡਾ. ਗੁਰਦੇਵ ਸਿੰਘ ਤੇ ਹੋਰ। ਤਸਵੀਰ : ਲਾਡੀ ਸਟੂਡੀਓ

ਸ੍ਰੀ ਗੁਰੂ ਤੇਗ ਬਹਾਦਰ ਜੀ ਦੀ ਸ਼ਹਾਦਤ ਨੂੰ ਸਮਰਪਿਤ ਸਮਾਗਮ ਕਰਵਾਇਆ

ਸੁਲਤਾਨਪੁਰ ਲੋਧੀ, 27 ਨਵੰਬਰ (ਨਰੇਸ਼ ਹੈਪੀ)-ਮਾਤਾ ਸੁਲੱਖਣੀ ਜੀ ਸੇਵਾ ਸੁਸਾਇਟੀ ਗੁਰਦੁਆਰਾ ਗੁਰੂ ਕਾ ਬਾਗ ਵੱਲੋਂ ਸੰਤ ਬਾਬਾ ਜਗਜੀਤ ਸਿੰਘ ਹਰਖੋਵਾਲ ਵਾਲਿਆਂ ਦੀ ਸਰਪ੍ਰਸਤੀ ਹੇਠ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀ ਦੀ ਸ਼ਹਾਦਤ ਨੂੰ ਸਮਰਪਿਤ ਪ੍ਰੋਗਰਾਮ ਕਰਵਾਇਆ ਗਿਆ। ਇਸ ਮੌਕੇ ਸ੍ਰੀ ਸੁਖਮਨੀ ਸਾਹਿਬ ਦੇ ਪਾਠ ਦੇ ਭੋਗ ਪਾਏ ਗਏ। ਉਪਰੰਤ ਸੁਸਾਇਟੀ ਦੀਆਂ ਬੀਬੀਆਂ ਵਲੋਂ ਕੀਰਤਨ ਦਾ ਪ੍ਰਵਾਹ ਚਲਾਇਆ ਗਿਆ। ਇਸ ਮੌਕੇ ਸੁਸਾਇਟੀ ਵੱਲੋਂ ਗੁਰੂ ਕਾ ਲੰਗਰ ਵਰਤਾਇਆ ਗਿਆ। ਇਸ ਸਮੇਂ ਤੇ ਭਾਰੀ ਗਿਣਤੀ ਵਿਚ ਸੰਗਤਾਂ ਨੇ ਹਾਜ਼ਰੀਆਂ ਭਰ ਕੇ ਗੁਰੂ ਘਰ ਦੀਆਂ ਖ਼ੁਸ਼ੀਆਂ ਪ੍ਰਾਪਤ ਕੀਤੀਆਂ ਅਤੇ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਜੀਆਂ ਨੂੰ ਸ਼ਰਧਾ ਸੁਮਨ ਭੇਟ ਕੀਤੇ। ਇਸ ਮੌਕੇ ਪ੍ਰਧਾਨ ਰਘਬੀਰ ਸਿੰਘ, ਖ਼ਜ਼ਾਨਚੀ ਡਾ. ਗੁਰਦੇਵ ਸਿੰਘ, ਹਰਭਜਨ ਸਿੰਘ, ਸਰਵਣ ਸਿੰਘ ਹਲਵਾਈ, ਦਰਸ਼ਨ ਸਿੰਘ, ਅਵਤਾਰ ਸਿੰਘ, ਬਲਦੇਵ ਸਿੰਘ, ਹਰਪ੍ਰੀਤ ਸਿੰਘ, ਸਰਗੁਣ ਸਿੰਘ, ਗੁਰਵਿੰਦਰ ਸਿੰਘ, ਰਣਜੀਤ ਸਿੰਘ, ਦਇਆ ਸਿੰਘ, ਮਨਜੀਤ ਸਿੰਘ, ਹਰਵਿੰਦਰ ਸਿੰਘ, ਮਨਜੀਤ ਸਿੰਘ, ਜਸਵਿੰਦਰ ਸਿੰਘ, ਸੁਰਿੰਦਰ ਸਿੰਘ, ਬਲਬੀਰ ਸਿੰਘ, ਰਣਵੀਰ ਸਿੰਘ, ਲਵਪ੍ਰੀਤ ਸਿੰਘ, ਗੁਰਵਿੰਦਰ ਸਿੰਘ, ਮਹਿਤਾਬ ਸਿੰਘ, ਜਰਨੈਲ ਸਿੰਘ, ਹਰਪ੍ਰੀਤ ਸਿੰਘ, ਸਰਗੁਣ ਸਿੰਘ, ਅਮਰੀਕ ਸਿੰਘ, ਲਖਬੀਰ ਸਿੰਘ, ਹਰਮਿੰਦਰ ਸਿੰਘ, ਹਰਪਾਲ ਸਿੰਘ, ਸਾਹਿਲਪ੍ਰੀਤ ਸਿੰਘ, ਹਰਮਨ ਸਿੰਘ, ਅੰਮ੍ਰਿਤ ਸਿੰਘ, ਚੰਨ ਸਿੰਘ, ਸੋਨੀ ਸਿੰਘ ਤੇ ਹੋਰ ਸਤਿਕਾਰ ਯੋਗ ਸ਼ਖ਼ਸੀਅਤਾਂ ਹਾਜ਼ਰ ਸਨ।

ਚਿਹੇੜੂ ਸੜਕ ਦੇ ਲੁੱਕ ਪਾਉਣ ਸੰਬੰਧੀ ਚੇਅਰਮੈਨ ਨੂੰ ਪੰਚ ਨੇ ਦਿੱਤਾ ਮੰਗ ਪੱਤਰ

ਫਗਵਾੜਾ, 27 ਨਵੰਬਰ (ਅਸ਼ੋਕ ਕੁਮਾਰ ਵਾਲੀਆ)-ਪੰਜਾਬ ਸਰਕਾਰ ਵਲੋਂ ਮਾਰਕੀਟ ਕਮੇਟੀ ਰਾਹੀਂ ਨਵੀਆਂ ਬਣਾਈਆਂ ਜਾ ਰਹੀਆਂ ਸੜਕਾਂ 'ਤੇ ਪਿਛਲੇ ਕਈ ਮਹੀਨਿਆਂ ਤੋ ਵੱਟੇ ਤਾਂ ਜ਼ਰੂਰ ਪਾਏ ਗਏ, ਪਰ ਇਹ ਸੜਕਾਂ ਹਾਲੇ ਤੱਕ ਲੁੱਕ ਪਾਉਣ ਨੂੰ ਤਰਸ ਰਹੀਆਂ ਹਨ। ਇਸ ਸੰਬੰਧੀ ਪਿੰਡ ਚਿਹੇੜੂ ਦੇ ਪੰਚ ਅਮਰਦੀਪ ਢੰਡਾ ਨੇ ਮਾਰਕੀਟ ਕਮੇਟੀ ਦੇ ਚੇਅਰਮੈਨ ਤਵਿੰਦਰ ਰਾਮ ਨੂੰ ਇੱਕ ਮੰਗ ਪੱਤਰ ਰਾਹੀਂ ਮੰਗ ਕੀਤੀ ਕਿ ਚਿਹੇੜੂ ਦੀ ਨਵੀਂ ਸੜਕ ਬਣਾਉਣ ਤਹਿਤ ਵੱਟਾ ਪਾਇਆ ਗਿਆ ਸੀ। ਕਈ ਮਹੀਨੇ ਬੀਤਣ ਤੋਂ ਬਾਅਦ ਲੁੱਕ ਨਾ ਪੈਣ ਕਾਰਨ ਪਾਏ ਵੱਟੇ ਵੀ ਪੱਟ ਹੋ ਗਏ ਤੇ ਰਾਹਗੀਰਾਂ ਦੇ ਸੱਟਾਂ ਲੱਗ ਰਹੀਆਂ ਹਨ। ਇਸ ਸੰਬੰਧੀ ਮੈਂਬਰ ਪੰਚਾਇਤ ਅਮਰਦੀਪ ਢੰਡਾ ਵਲੋਂ ਮਾਰਕੀਟ ਕਮੇਟੀ ਚੇਅਰਮੈਨ ਤਵਿੰਦਰ ਰਾਮ ਨੂੰ ਇੱਕ ਮੰਗ ਪੱਤਰ ਰਾਹੀ ਮੰਗ ਕੀਤੀ ਗਈ ਨੂੰ ਸੜਕ ਉੱਪਰ ਲੁੱਕ ਪਾ ਕੇ ਜਲਦੀ ਮੁਕੰਮਲ ਕੀਤਾ ਜਾਵੇ । ਮੰਗ ਪੱਤਰ ਤੇ ਗੌਰ ਕਰਦਿਆਂ ਚੇਅਰਮੈਨ ਵਲੋਂ ਸੜਕ ਵਿਭਾਗ ਦੇ ਐਕਸੀਅਨ ਨਾਲ ਗੱਲਬਾਤ ਕੀਤੀ ਤੇ ਭਰੋਸਾ ਦਿੱਤਾ ਕਿ ਸੜਕ ਨੂੰ ਜਲਦੀ ਹੀ ਮੁਕੰਮਲ ਕੀਤਾ ਜਾਵੇਗਾ।

ਗੁਰੂ ਨਾਨਕ ਸਟੇਡੀਅਮ ਵਿਖੇ ਸ਼ੁਰੂ ਹੋਈ ਲੜਕੀਆਂ ਦੀ 69ਵੀਂ ਸੂਬਾ ਪੱਧਰੀ ਰੱਸਾਕਸ਼ੀ ਚੈਂਪੀਅਨਸ਼ਿਪ

ਜ਼ਿਲ੍ਹਾ ਸਿੱਖਿਆ ਅਫ਼ਸਰ ਹਰਜਿੰਦਰ ਸਿੰਘ ਨੇ ਕੀਤਾ ਰਸਮੀ ਉਦਘਾਟਨ

ਕਪੂਰਥਲਾ, 27 ਨਵੰਬਰ (ਸਡਾਨਾ)-69ਵੀਂ ਅੰਤਰ ਜ਼ਿਲ੍ਹਾ ਪੰਜਾਬ ਸਕੂਲ ਖੇਡਾਂ (ਰੱਸਾਕਸ਼ੀ) ਅੰਡਰ-14 ਸਾਲ ਲੜਕੀਆਂ ਅੱਜ ਗੁਰੂ ਨਾਨਕ ਸਟੇਡੀਅਮ ਵਿਖੇ ਸ਼ੁਰੂ ਹੋਈਆਂ। ਇਸ ਸਬੰਧੀ ਜਾਣਕਾਰੀ ਦਿੰਦਿਆਂ ਡੀ.ਐਮ. ਸਪੋਰਟਸ ਸੁਖਵਿੰਦਰ ਸਿੰਘ ਖੱਸਣ ਨੇ ਦੱਸਿਆ ਕਿ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਹਰਜਿੰਦਰ ਸਿੰਘ ਤੇ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਰਜੇਸ਼ ਕੁਮਾਰ ਭੱਲਾ ਸਟੇਟ ਐਵਾਰਡੀ ਦੀ ਅਗਵਾਈ ਹੇਠ ਸ਼ੁਰੂ ਹੋਈ ਇਸ ਸੂਬਾ ਪੱਧਰੀ ਚੈਂਪੀਅਨਸ਼ਿਪ ਦਾ ਰਸਮੀ ਉਦਘਾਟਨ ਜ਼ਿਲ੍ਹਾ ਸਿੱਖਿਆ ਅਫ਼ਸਰ ਸੈਕੰਡਰੀ ਵਲੋਂ ਕੀਤਾ ਗਿਆ।

ਉਨ੍ਹਾਂ ਉਦਘਾਟਨ ਮੈਚ ਮੌਕੇ ਫ਼ਿਰੋਜ਼ਪੁਰ ਤੇ ਹੁਸ਼ਿਆਰਪੁਰ ਦੀਆਂ ਖਿਡਾਰਣਾਂ ਨੂੰ ਆਸ਼ੀਰਵਾਦ ਦਿੱਤਾ ਤੇ ਨਿਰੰਤਰ ਅੱਗੇ ਵਧਦੇ ਰਹਿਣ ਲਈ ਪ੍ਰੇਰਿਤ ਕੀਤਾ। ਸੁਖਵਿੰਦਰ ਸਿੰਘ ਖੱਸਣ ਨੇ ਦੱਸਿਆ ਕਿ ਵੱਖ-ਵੱਖ ਜ਼ਿਲ੍ਹਿਆਂ ਤੋਂ ਸੀਨੀਅਰ ਸੈਕੰਡਰੀ, ਹਾਈ ਤੇ ਮਿਡਲ ਸਕੂਲਾਂ ਦੇ ਖਿਡਾਰੀ ਇਸ ਮੁਕਾਬਲੇ ਵਿਚ ਭਾਗ ਲੈ ਰਹੇ ਹਨ। ਉਨ੍ਹਾਂ ਦੱਸਿਆ ਕਿ ਇਨ੍ਹਾਂ ਮੁਕਾਬਲਿਆਂ ਨੂੰ ਸਫ਼ਲ ਬਣਾਉਣ ਲਈ ਟੂਰਨਾਮੈਂਟ ਕਮੇਟੀ ਦੇ ਸਕੱਤਰ ਪ੍ਰਿੰਸੀਪਲ ਮਨਜੀਤ ਸਿੰਘ ਹੈਬਤਪੁਰੀ, ਪ੍ਰਿੰਸੀਪਲ ਗੁਰਚਰਨ ਸਿੰਘ ਚਾਹਲ, ਪ੍ਰਿੰਸੀਪਲ ਨਵਚੇਤਨ ਸਿੰਘ ਵਲੋਂ ਵਿਸ਼ੇਸ਼ ਸਹਿਯੋਗ ਦਿੱਤਾ ਜਾ ਰਿਹਾ ਹੈ। ਅੱਜ ਦੇ ਉਦਘਾਟਨੀ ਮੈਚ ਮੌਕੇ ਫ਼ਿਰੋਜ਼ਪੁਰ ਨੇ ਹੁਸ਼ਿਆਰਪੁਰ ਨੂੰ ਜਦਕਿ ਦੂਸਰੇ ਹੋਏ ਲੀਗ ਮੈਚਾਂ ਵਿਚ ਸੰਗਰੂਰ ਨੇ ਗੁਰਦਾਸਪੁਰ ਨੂੰ, ਤਰਨਤਾਰਨ ਨੇ ਮੁਕਤਸਰ, ਮੋਗਾ ਨੇ ਅੰਮ੍ਰਿਤਸਰ ਨੂੰ, ਪਟਿਆਲਾ ਨੇ ਕਪੂਰਥਲਾ ਨੂੰ ਹਰਾਇਆ, ਜਦਕਿ ਬਰਨਾਲਾ ਦੀ ਟੀਮ ਨੇ ਫ਼ਤਿਹਗੜ੍ਹ ਸਾਹਿਬ, ਫ਼ਾਜ਼ਿਲਕਾ ਨੇ ਮਲੇਰਕੋਟਲਾ ਨੂੰ, ਮਾਨਸਾ ਨੇ ਬਠਿੰਡਾ ਦੀ ਟੀਮ ਨੂੰ, ਫ਼ਰੀਦਕੋਟ ਦੀ ਟੀਮ ਨੇ ਜਲੰਧਰ ਨੂੰ ਤੇ ਕਪੂਰਥਲਾ ਦੀ ਟੀਮ ਨੇ ਅੰਮ੍ਰਿਤਸਰ ਦੀ ਟੀਮ ਨੂੰ ਹਰਾ ਕੇ ਅਗਲੇ ਪੜਾਅ ਵਿਚ ਦਾਖਲਾ ਲਿਆ। ਪਹਿਲੇ ਦਿਨ ਦੀਆਂ ਖੇਡਾਂ ਦੌਰਾਨ ਸਾਬਕਾ ਡੀ.ਪੀ.ਈ. ਬਲਦੇਵ ਸਿੰਘ ਟੀਟਾ ਵਿਸ਼ੇਸ਼ ਤੌਰ 'ਤੇ ਖਿਡਾਰਣਾਂ ਨੂੰ ਆਸ਼ੀਰਵਾਦ ਦੇਣ ਲਈ ਪਹੁੰਚੇ ਜਿਨ੍ਹਾਂ ਨੂੰ ਟੂਰਨਾਮੈਂਟ ਕਮੇਟੀ ਵਲੋਂ ਸਨਮਾਨਿਤ ਕੀਤਾ ਗਿਆ। ਚੈਂਪੀਅਨਸ਼ਿਪ ਦੇ ਪਹਿਲੇ ਦਿਨ ਅਬਜ਼ਰਵਰ ਫਿਜ਼ੀਕਲ ਲੈਕਚਰਾਰ ਰਾਜ ਖਾਨ ਪੱਟੀ, ਡੀ.ਪੀ.ਈ. ਅਮਰਜੀਤ ਸਿੰਘ ਫ਼ਿਰੋਜਪੁਰ, ਫਿਜ਼ੀਕਲ ਲੈਕਚਰਾਰ ਅਵਤਾਰ ਸਿੰਘ ਪੱਟੀ, ਕੋਚ ਕੁਲਬੀਰ ਸਿੰਘ ਕਾਲੀ ਟਿੱਬਾ, ਫਿਜ਼ੀਕਲ ਲੈਕਚਰਾਰ ਸੁਰਜੀਤ ਸਿੰਘ ਬਿੰਦ, ਮੁਕੇਸ਼ ਕੁਮਾਰ ਚੌਧਰੀ, ਜਤਿੰਦਰ ਸਿੰਘ ਸ਼ੈਲੀ, ਰਕੇਸ਼ ਕੁਮਾਰ ਸੈਦਪੁਰ, ਅਰਵਿੰਦਰ ਕੌਰ ਬਲੇਰਖਾਨਪੁਰ, ਜਗੀਰ ਸਿੰਘ, ਸਾਜਨ ਕੁਮਾਰ ਤੇ ਪੀ.ਟੀ.ਆਈ. ਹਰਪ੍ਰੀਤ ਸਿੰਘ ਨੇ ਆਪਣੀ ਡਿਊਟੀ ਤਨਦੇਹੀ ਨਾਲ ਨਿਭਾਈ।

ਸੂਬਾ ਪੱਧਰੀ ਚੈਂਪੀਅਨਸ਼ਿਪ ਦਾ ਰੀਬਨ ਕੱਟ ਕੇ ਰਸਮੀ ਉਦਘਾਟਨ ਕਰਦੇ ਹੋਏ ਜ਼ਿਲ੍ਹਾ ਸਿੱਖਿਆ ਅਫ਼ਸਰ ਹਰਜਿੰਦਰ ਸਿੰਘ, ਉਨ੍ਹਾਂ ਦੇ ਨਾਲ ਸੁਖਵਿੰਦਰ ਸਿੰਘ ਖੱਸਣ, ਪ੍ਰਿੰਸੀਪਲ ਮਨਜੀਤ ਸਿੰਘ ਹੈਬਤਪੁਰੀ ਤੇ ਹੋਰ। ਤਸਵੀਰ : ਤਿਲਕਰਾਜ

ਸੈਫਰਨ ਪਬਲਿਕ ਸਕੂਲ ਦਾ ਮਿਲਨ ਕੇਸੀ 'ਨੈਸ਼ਨਲ ਟੈਨੀਕੋਇਟ ਚੈਂਪੀਅਨਸ਼ਿਪ' ਲਈ ਚੁਣਿਆ

ਫਗਵਾੜਾ, 27 ਨਵੰਬਰ (ਅਸ਼ੋਕ ਕੁਮਾਰ ਵਾਲੀਆ)-ਸੈਫਰਨ ਪਬਲਿਕ ਸਕੂਲ 'ਚ ਨੈਸ਼ਨਲ ਗੇਮਜ਼ ਚੋਣ ਕੈਂਪ ਲਗਾਇਆ ਗਿਆ। ਜਿਸ 'ਚ ਚੁਣੇ ਹੋਏ ਖਿਡਾਰੀ ਜੂਨੀਅਰ ਨੈਸ਼ਨਲ ਟੈਨੀਕੋਇਟ ਚੈਂਪੀਅਨਸ਼ਿਪ ਜੰਮੂ 'ਚ ਪੰਜਾਬ ਦੀ ਨੁਮਾਇੰਦਗੀ ਕਰਨਗੇ। ਇਹ ਖੇਡਾਂ ਜੰਮੂ 'ਚ 30 ਨਵੰਬਰ 2025 ਤੱਕ ਹੋਣਗੀਆਂ। ਇਹ ਸੈਫਰਨ ਪਬਲਿਕ ਸਕੂਲ ਲਈ ਵਿਸ਼ੇਸ਼ ਮਾਣ ਵਾਲੀ ਗੱਲ ਹੈ ਕਿ ਸਕੂਲ ਦੇ ਮਿਲਨ ਕੇਸੀ ਦਾ ਚੋਣ ਨੈਸ਼ਨਲ ਗੇਮਜ਼ ਲਈ ਹੋਇਆ ਹੈ ਤੇ ਹੁਣ ਉਹ ਨੈਸ਼ਨਲ ਟੇਨਿਕੋਇਟ ਚੈਂਪੀਅਨਸ਼ਿਪ ਵਿਚ ਪੰਜਾਬ ਦੀ ਨੁਮਾਇੰਦਗੀ ਕਰੇਗਾ ਜੋ ਕਿ ਸਕੂਲ ਦੀ ਖੇਡਾਂ ਵੱਲ ਮਜ਼ਬੂਤ ਵਚਨਬੱਧਤਾ ਨੂੰ ਦਰਸਾਉਂਦਾ ਹੈ। ਸੈਫਰਨ ਪਬਲਿਕ ਸਕੂਲ ਤੋਂ ਟੀਮ ਦੀ ਰਵਾਨਗੀ ਸਮੇਂ ਸੈਫਰਨ ਪਬਲਿਕ ਸਕੂਲ ਦੀ ਪ੍ਰਿੰਸੀਪਲ ਅਤੇ ਚੇਅਰਪਰਸਨ ਤੋਂ ਇਲਾਵਾ ਪੰਜਾਬ ਟੇਨੀਕੋਇਟ ਐਸੋਸੀਏਸ਼ਨ ਦੀ ਡਾ. ਸੰਦੀਪਾ ਸੂਦ, ਟੇਨੀਕੋਇਟ ਐਸੋਸੀਏਸ਼ਨ ਆਫ਼ ਇੰਡੀਆ ਦੇ ਸੀਨੀਅਰ ਵਾਈਸ ਪ੍ਰੈਜ਼ੀਡੈਂਟ ਡਾ. ਰਜਿੰਦਰ ਪਠਾਨੀਆ, ਪੰਜਾਬ ਟੇਨੀਕੋਇਟ ਐਸੋਸੀਏਸ਼ਨ ਦੇ ਖ਼ਜ਼ਾਨਚੀ ਨਵੀਨ ਸ਼ਰਮਾ ਤੇ ਆਰਗੇਨਾਈਜ਼ਿੰਗ ਸੈਕਟਰੀ ਤੇ ਐਚ.ਓ.ਡੀ. ਸਪੋਰਟਸ ਰਵਿੰਦਰ ਸਿੰਘ ਵੀ ਹਾਜ਼ਰ ਸਨ। ਟੇਨਿਕੋਇਟ ਖਿਡਾਰੀਆਂ ਨੂੰ ਡਾ. ਸੰਦੀਪਾ ਸੂਦ ਤੇ ਹਰਿ ਅਗਰਵਾਲ ਵੱਲੋਂ ਕਿੱਟਾਂ ਪ੍ਰਦਾਨ ਕੀਤੀਆਂ ਗਈਆਂ। ਇਸ ਮੌਕੇ ਨਵੀਨ ਸ਼ੌਰੀ ਤੇ ਪ੍ਰੋ. ਸੌਰਭ ਰਾਜ ਵੀ ਮੌਜੂਦ ਰਹੇ। ਇਸ ਮੌਕੇ ਸਕੂਲ ਪ੍ਰਿੰਸੀਪਲ ਡਾ. ਸੰਦੀਪਾ ਸੂਦ ਨੇ ਹਿੱਸਾ ਲੈਣ ਵਾਲੇ ਸਾਰੇ ਬੱਚਿਆਂ ਨੂੰ ਮੁਬਾਰਕਬਾਦ ਦਿੰਦਿਆਂ ਕਿਹਾ ਕਿ ਅੱਜ ਦੇ ਇਹ ਖਿਡਾਰੀ ਕੱਲ੍ਹ ਦੇ ਓਲੰਪੀਅਨ ਹਨ। ਉਨ੍ਹਾਂ ਨੇ ਸੈਫਰਨ ਪਬਲਿਕ ਸਕੂਲ ਦੇ ਮਿਲਨ ਕੇਸੀ ਨੂੰ ਸ਼ੁੱਭਕਾਮਨਾਵਾਂ ਦਿੱਤੀਆਂ।

ਸੈਫਰਨ ਸਕੂਲ ਵਿਖੇ ਚੋਣ ਕੈਂਪ 'ਚ ਸਹਿਯੋਗ ਦੇਣ ਲਈ ਪ੍ਰਿੰਸੀਪਲ ਸੰਦੀਪਾ ਸੂਦ ਨੂੰ ਗੁਲਦਸਤਾ ਭੇਟ ਕਰਦੇ ਹੋਏ ਸੰਸਥਾ ਦੇ ਅਹੁਦੇਦਾਰ। ਤਸਵੀਰ : ਵਾਲੀਆ

ਗੁਰੂ ਨਾਨਕ ਖ਼ਾਲਸਾ ਕਾਲਜ ਸੁਲਤਾਨਪੁਰ ਲੋਧੀ ਵਿਖੇ ਸੰਵਿਧਾਨ ਦਿਵਸ ਨੂੰ ਸਮਰਪਿਤ ਕਰਵਾਏ ਗਏ ਸਮਾਗਮ ਦਾ ਦ੍ਰਿਸ਼। ਤਸਵੀਰ : ਲਾਡੀ ਸਟੂਡੀਓ

ਗੁਰੂ ਨਾਨਕ ਖ਼ਾਲਸਾ ਕਾਲਜ ਸੁਲਤਾਨਪੁਰ ਲੋਧੀ 'ਚ ਮਨਾਇਆ ਭਾਰਤੀ ਸੰਵਿਧਾਨ ਦਿਵਸ

ਸੁਲਤਾਨਪੁਰ ਲੋਧੀ, 27 ਨਵੰਬਰ (ਬਿੰਦ, ਨਰੇਸ਼ ਹੈਪੀ)-ਨੈਕ ਤੋਂ ਏ ਗਰੇਡ ਪ੍ਰਾਪਤ ਇਲਾਕੇ ਦੀ ਸਿਰਮੌਰ ਵਿੱਦਿਅਕ ਸੰਸਥਾ ਗੁਰੂ ਨਾਨਕ ਖ਼ਾਲਸਾ ਕਾਲਜ ਸੁਲਤਾਨਪੁਰ ਲੋਧੀ ਵਿਖੇ ਕਾਰਜਕਾਰੀ ਪ੍ਰਿੰਸੀਪਲ ਪ੍ਰੋਫ਼ੈਸਰ ਜਸਬੀਰ ਕੌਰ ਦੀ ਅਗਵਾਈ ਹੇਠ ਐਨ.ਐਸ.ਐਸ.ਵਿਭਾਗ, ਰੈੱਡ ਰਿਬਨ ਕਲੱਬ ਤੇ ਲੀਗਲ ਲਿਟਰੇਸੀ ਸੈੱਲ ਵੱਲੋਂ 'ਹਮਾਰਾ ਸੰਵਿਧਾਨ-ਹਮਾਰਾ ਅਭਿਮਾਨ' ਵਿਸ਼ੇ ਅਧੀਨ ਸੰਵਿਧਾਨ ਦਿਵਸ ਮੌਕੇ ਇੱਕ ਵਿਸ਼ੇਸ਼ ਲੈਕਚਰ ਦਾ ਆਯੋਜਨ ਕੀਤਾ ਗਿਆ। ਇਸ ਮੌਕੇ ਕਾਲਜ ਦੇ ਕਾਰਜਕਾਰੀ ਪ੍ਰਿੰਸੀਪਲ ਪ੍ਰੋਫ਼ੈਸਰ ਜਸਬੀਰ ਕੌਰ ਜੀ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਕਿਹਾ ਕਿ ਉਹ ਆਪਣੇ ਅਧਿਕਾਰਾਂ ਨੂੰ ਸਮਝਦੇ ਹੋਏ, ਆਪਣੇ ਕਰਤੱਵਾਂ ਨੂੰ ਨਿਭਾਉਂਦੇ ਹੋਏ, ਆਪਣੀ ਪੜ੍ਹਾਈ ਤੇ ਵਿਦਿਆਰਥੀ ਜੀਵਨ ਨੂੰ ਸਮਾਜਿਕ ਜ਼ਿੰਮੇਵਾਰੀ ਅਤੇ ਨਾਗਰਿਕਤਾ ਨਾਲ ਜੋੜਨ। ਇਸ ਤਰ੍ਹਾਂ ਉਹ ਨਾ ਸਿਰਫ਼ ਚੰਗੇ ਵਿਦਿਆਰਥੀ ਬਣਦੇ ਹਨ, ਸਗੋਂ ਭਵਿੱਖ ਦੇ ਜ਼ਿੰਮੇਵਾਰ ਨਾਗਰਿਕ ਵੀ ਬਣਦੇ ਹਨ। ਇਸੇ ਦੌਰਾਨ ਪ੍ਰੋ.ਜਸਵੀਰ ਕੌਰ ਲੈਕਚਰਾਰ, ਇਤਿਹਾਸ ਵਿਭਾਗ ਨੇ ਵਿਦਿਆਰਥੀਆਂ ਨੂੰ ਸੰਬੋਧਨ ਕਰਦੇ ਹੋਏ ਸੰਵਿਧਾਨ ਨੂੰ ਰਾਸ਼ਟਰ ਦੀ ਨੈਤਿਕ ਦ੍ਰਿੜ੍ਹਤਾ ਤੇ ਲੋਕਤੰਤਰ ਦਾ ਜੀਵੰਤ ਆਧਾਰ ਦੱਸਿਆ ਤੇ ਕਿਹਾ ਕਿ ਭਾਰਤ ਦਾ ਸੰਵਿਧਾਨ ਸਿਰਫ਼ ਕਾਨੂੰਨੀ ਦਸਤਾਵੇਜ਼ ਨਹੀਂ, ਸਗੋਂ ਲੋਕਤੰਤਰ, ਨਿਆਂ ਤੇ ਸਮਾਨਤਾ ਦਾ ਜੀਵੰਤ ਆਧਾਰ ਹੈ। ਇਸ ਮੌਕੇ ਰੈੱਡ ਰਿਬਨ ਕਲੱਬ ਦੇ ਮੁਖੀ ਡਾ. ਮਨੀ ਛਾਬੜਾ, ਐਨ.ਐਸ.ਐਸ. ਵਿਭਾਗ ਦੇ ਮੁਖੀ ਪ੍ਰੋਫ਼ੈਸਰ ਰਿਸ਼ੂ ਬਾਲਾ, ਲੜਕੀਆਂ ਵਿੰਗ ਦੇ ਕੋਆਰਡੀਨੇਟਰ ਪ੍ਰੋ. ਸੁਖਪਾਲ ਸਿੰਘ, ਪ੍ਰੋ. ਜੁਗਰਾਜ ਸਿੰਘ ਸਿੰਘ, ਪ੍ਰੋ. ਸੰਦੀਪ ਕੌਰ, ਪ੍ਰੋ. ਸਰਬਜੀਤ ਕੌਰ, ਪ੍ਰੋ. ਹਰਪ੍ਰੀਤ ਸਿੰਘ, ਪ੍ਰੋ. ਪ੍ਰਵੀਨ ਕੌਰ, ਪ੍ਰੋ. ਰਮਨਦੀਪ ਕੌਰ, ਪ੍ਰੋ. ਹਰਪ੍ਰੀਤ ਕੌਰ ਤੇ ਪ੍ਰੋ. ਹਰਦੀਸ਼ ਕੌਰ ਸ਼ਾਮਿਲ ਰਹੇ।

350ਵੇਂ ਸ਼ਹੀਦੀ ਦਿਹਾੜੇ ਨੂੰ ਸਮਰਪਿਤ ਖ਼ੂਨਦਾਨ ਕੈਂਪ ਲਗਾਇਆ

ਫਗਵਾੜਾ, 27 ਨਵੰਬਰ (ਚਾਨਾ)-ਸ਼੍ਰੀ ਗੁਰੂ ਤੇਗ ਬਹਾਦਰ ਸਾਹਿਬ